ਸਾਰਗ ਮਹਲਾ ੧ ॥ ਹਰਿ ਬਿਨੁ ਕਿਉ ਧੀਰੈ ਮਨੁ ਮੇਰਾ ॥ ਕੋਟਿ ਕਲਪ ਕੇ ਦੂਖ ਬਿਨਾਸਨ ਸਾਚੁ ਦ੍ਰਿੜਾਇ ਨਿਬੇਰਾ ॥੧॥ ਰਹਾਉ ॥ ਕ੍ਰੋਧੁ ਨਿਵਾਰਿ ਜਲੇ ਹਉ ਮਮਤਾ ਪ੍ਰੇਮੁ ਸਦਾ ਨਉ ਰੰਗੀ ॥ ਅਨਭਉ ਬਿਸਰਿ ਗਏ ਪ੍ਰਭੁ ਜਾਚਿਆ ਹਰਿ ਨਿਰਮਾਇਲੁ ਸੰਗੀ ॥ ੧॥ ਚੰਚਲ ਮਤਿ ਤਿਆਗਿ ਭਉ ਭੰਜਨੁ ਪਾਇਆ ਏਕ ਸਬਦਿ ਲਿਵ ਲਾਗੀ ॥ ਹਰਿ ਰਸੁ ਚਾਖਿ ਤ੍ਰਿਖਾ ਨਿਵਾਰੀ ਹਰਿ ਮੇਲਿ ਲਏ ਬਡਭਾਗੀ ॥੨॥ ਅਭਰਤ ਸਿੰਚਿ ਭਏ ਸੁਭਰ ਸਰ ਗੁਰਮਤਿ ਸਾਚੁ ਨਿਹਾਲਾ ॥ ਮਨ ਰਤਿ ਨਾਮਿ ਰਤੇ ਨਿਹਕੇਵਲ ਆਦਿ ਜੁਗਾਦਿ ਦਇਆਲਾ ॥੩॥ ਮੋਹਨਿ ਮੋਹਿ ਲੀਆ ਮਨੁ ਮੋਰਾ ਬਡੈ ਭਾਗ ਲਿਵ ਲਾਗੀ ॥ ਸਾਚੁ ਬੀਚਾਰਿ ਕਿਲਵਿਖ ਦੁਖ ਕਾਟੇ ਮਨੁ ਨਿਰਮਲੁ ਅਨਰਾਗੀ ॥੪॥ ਗਹਿਰ ਗੰਭੀਰ ਸਾਗਰ ਰਤਨਾਗਰ ਅਵਰ ਨਹੀ ਅਨ ਪੂਜਾ ॥ ਸਬਦੁ ਬੀਚਾਰਿ ਭਰਮ ਭਉ ਭੰਜਨੁ ਅਵਰੁ ਨ ਜਾਨਿਆ ਦੂਜਾ ॥ ੫॥ ਮਨੂਆ ਮਾਰਿ ਨਿਰਮਲ ਪਦੁ ਚੀਨਿਆ ਹਰਿ ਰਸ ਰਤੇ ਅਧਿਕਾਈ ॥ ਏਕਸ ਬਿਨੁ ਮੈ ਅਵਰੁ ਨ ਜਾਨਾਂ ਸਤਿਗੁਰਿ ਬੂਝ ਬੁਝਾਈ ॥੬॥ ਅਗਮ ਅਗੋਚਰੁ ਅਨਾਥੁ ਅਜੋਨੀ ਗੁਰਮਤਿ ਏਕੋ ਜਾਨਿਆ ॥ ਸੁਭਰ ਭਰੇ ਨਾਹੀ ਚਿਤੁ ਡੋਲੈ ਮਨ ਹੀ ਤੇ ਮਨੁ ਮਾਨਿਆ ॥ ੭॥ ਗੁਰ ਪਰਸਾਦੀ ਅਕਥਉ ਕਥੀਐ ਕਹਉ ਕਹਾਵੈ ਸੋਈ ॥ ਨਾਨਕ ਦੀਨ ਦਇਆਲ ਹਮਾਰੇ ਅਵਰੁ ਨ ਜਾਨਿਆ ਕੋਈ ॥੮॥੨॥ {ਪੰਨਾ 1232-1233}

ਪਦ ਅਰਥ:- ਕਿਉ ਧੀਰੈ—ਕਿਵੇਂ ਧੀਰਜ ਫੜ ਸਕਦਾ ਹੈ? ਕੋਟਿ—ਕ੍ਰੋੜ। ਕਲਪ—ਚਾਰ ਜੁਗਾਂ ਦਾ ਸਮੁਦਾਇ। ਸਾਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ। ਦ੍ਰਿੜਾਇ—ਮਨ ਵਿਚ ਟਿਕਾਣ ਨਾਲ। ਨਿਬੇਰਾ—ਦੁੱਖਾਂ ਦਾ ਨਿਬੇੜਾ, ਦੁੱਖ ਮੁੱਕ ਜਾਂਦੇ ਹਨ।1। ਰਹਾਉ।

ਨਿਵਾਰਿ—ਦੂਰ ਕਰ ਕੇ। ਹਉ—ਮੈਂ, ਹਉਮੈ। ਮਮਤਾ—ਅਪਣੱਤ। ਨਉ ਰੰਗੀ—ਨਵੇਂ ਰੰਗ ਵਾਲਾ, ਸਦਾ ਨਵਾਂ ਰਹਿਣ ਵਾਲਾ। ਅਨ ਭਉ—ਹੋਰਨਾਂ ਦਾ ਡਰ-ਸਹਿਮ। ਬਿਸਰਿ ਗਏ—ਬਿਸਰਿ ਗਇਆ, ਭੁੱਲ ਜਾਂਦਾ ਹੈ। ਜਾਚਿਆ—ਮੰਗਿਆ। ਨਿਰਮਾਇਲੁ—ਪਵਿਤ੍ਰ। ਸੰਗੀ—ਸਾਥੀ।1।

ਚੰਚਲ—ਸਦਾ ਭਟਕਦੇ ਰਹਿਣ ਵਾਲੀ। ਤਿਆਗਿ—ਤਿਆਗ ਕੇ। ਭਉ ਭੰਜਨੁ—ਡਰ-ਸਹਿਮ ਨਾਸ ਕਰਨ ਵਾਲਾ। ਲਿਵ—ਲਗਨ। ਚਾਖਿ—ਚੱਖ ਕੇ। ਤ੍ਰਿਖਾ—(ਮਾਇਆ ਦੀ) ਤ੍ਰਿਸ਼ਨਾ।2।

ਅਭਰਤ—ਨਾਹ ਭਰੇ ਜਾ ਸਕਣ ਵਾਲੇ, ਜਿਨ੍ਹਾਂ ਦੀ ਤ੍ਰਿਸ਼ਨਾ ਕਦੇ ਨਹੀਂ ਸੀ ਮੁੱਕਦੀ। ਸਿੰਚਿ—(ਪਰਮਾਤਮਾ ਦਾ ਨਾਮ-ਜਲ) ਸਿੰਜ ਕੇ। ਸੁਭਰ—ਨਕਾ-ਨਕ ਭਰੇ ਹੋਏ। ਸਰ—ਤਲਾਬ, ਗਿਆਨ-ਇੰਦ੍ਰੇ। ਨਿਹਾਲਾ—ਨਿਹਾਲਿਆ, ਦਰਸਨ ਕਰ ਲਿਆ। ਰਤਿ—ਪ੍ਰੀਤਿ। ਨਾਮਿ—ਨਾਮ ਵਿਚ। ਨਿਹਕੇਵਲ ਨਾਮਿ—ਪਵਿਤ੍ਰ ਪ੍ਰਭੂ ਦੇ ਨਾਮ ਵਿਚ। ਜੁਗਾਦਿ—ਜੁਗਾਂ ਦੇ ਆਦਿ ਤੋਂ।3।

ਮੋਹਨਿ—ਮੋਹਨ (ਪ੍ਰਭੂ) ਨੇ। ਮੋਰਾ—ਮੇਰਾ। ਬੀਚਾਰਿ—ਵਿਚਾਰ ਕੇ। ਕਿਲਵਿਖ—ਪਾਪ। ਅਨਰਾਗੀ—ਪ੍ਰੇਮੀ।4।

ਗਹਿਰ—ਗਹਿਰਾ, ਡੂੰਘਾ। ਗੰਭੀਰ—ਵੱਡੇ ਜਿਗਰੇ ਵਾਲਾ। ਰਤਨਾਗਰ—(rÄnAwkr) ਰਤਨਾਂ ਦੀ ਖਾਣ। ਅਨ ਪੂਜਾ—ਕਿਸੇ ਹੋਰ ਦੀ ਪੂਜਾ।5।

ਮਨੂਆ—ਕੋਝਾ ਮਨ, ਕੁਰਾਹੇ ਪਿਆ ਹੋਇਆ ਮਨ। ਮਾਰਿ—(ਵਿਕਾਰਾਂ ਦੀ ਅੰਸ) ਮਾਰ ਕੇ। ਪਦੁ—ਆਤਮਕ ਦਰਜਾ। ਚੀਨ੍ਹਿਆ—ਪਛਾਣ ਲਿਆ। ਅਧਿਕਾਈ—ਬਹੁਤ। ਸਤਿਗੁਰਿ—ਗੁਰੂ ਨੇ। ਬੂਝ—ਸਮਝ।6।

ਅਗਮ—(AÀwMX) ਅਪਹੁੰਚ। ਅਗੋਚਰੁ—ਅ-ਗੋ-ਚਰੁ, ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨ ਹੋ ਸਕੇ। ਅਨਾਥੁ—ਜਿਸ ਦੇ ਉਪਰ ਕੋਈ ਹੋਰ ਖਸਮ ਨਹੀਂ, ਆਪਣੇ ਆਪ ਦਾ ਆਪ ਹੀ ਮਾਲਕ। ਮਨ ਹੀ ਤੇ—ਮਨ ਤੋਂ ਹੀ

ਆਪਣੇ ਅੰਦਰੋਂ ਹੀ। ਮਾਨਿਆ—ਪਤੀਜ ਗਿਆ, ਟਿਕ ਗਿਆ।7।

ਪਰਸਾਦੀ—ਪਰਸਾਦਿ, ਕਿਰਪਾ ਨਾਲ। ਅਕਥਉ—ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ। ਕਥੀਐ—ਕਥਿਆ ਜਾ ਸਕਦਾ ਹੈ, ਸਿਮਰਿਆ ਜਾ ਸਕਦਾ ਹੈ। ਕਹਉ—ਮੈਂ ਕਹਿੰਦਾ ਹਾਂ, ਮੈਂ ਸਿਫ਼ਤਿ-ਸਾਲਾਹ ਕਰਦਾ ਹਾਂ। ਸੋਈ—ਉਹ ਪ੍ਰਭੂ ਆਪ ਹੀ। ਕਹਾਵੈ—ਸਿਫ਼ਤਿ-ਸਾਲਾਹ ਕਰਾਂਦਾ ਹੈ। ਦਇਆਲ—ਹੇ ਦਇਆਲ!।8।

ਅਰਥ:- ਪਰਮਾਤਮਾ ਦੇ ਨਾਮ ਤੋਂ ਵਿਛੁੜ ਕੇ ਮੇਰਾ ਮਨ (ਹੁਣ) ਕਿਸੇ ਤਰ੍ਹਾਂ ਭੀ ਧੀਰਜ ਨਹੀਂ ਫੜਦਾ (ਟਿਕਦਾ ਨਹੀਂ) ਕਿਉਂਕਿ ਇਸ ਨੂੰ ਅਨੇਕਾਂ ਦੁੱਖ ਰੋਗ ਆ ਵਾਪਰਦੇ ਹਨ। ਪਰ ਜੇ ਕ੍ਰੋੜਾਂ ਜੁਗਾਂ ਦੇ ਦੁੱਖ ਨਾਸ ਕਰਨ ਵਾਲੇ ਤੇ ਸਦਾ ਹੀ ਥਿਰ ਰਹਿਣ ਵਾਲੇ ਪਰਮਾਤਮਾ ਨੂੰ (ਮਨ ਵਿਚ) ਟਿਕਾ ਲਈਏ ਤਾਂ ਸਾਰੇ ਦੁੱਖਾਂ ਰੋਗਾਂ ਦਾ ਨਾਸ ਹੋ ਜਾਂਦਾ ਹੈ (ਤੇ ਮਨ ਟਿਕਾਣੇ ਆ ਜਾਂਦਾ ਹੈ)।1। ਰਹਾਉ।

ਜਿਸ ਮਨੁੱਖ ਨੇ ਪ੍ਰਭੂ (ਦੇ ਦਰ ਤੋਂ ਨਾਮ ਦਾ ਦਾਨ) ਮੰਗਿਆ ਹੈ, ਪਵਿੱਤ-ਸਰੂਪ ਪ੍ਰਭੂ ਉਸ ਦਾ (ਸਦਾ ਲਈ) ਸਾਥੀ ਬਣ ਗਿਆ ਹੈ, ਉਸ ਦੇ ਕ੍ਰੋਧ ਨੂੰ (ਆਪਣੇ ਅੰਦਰੋਂ) ਕੱਢ ਦਿੱਤਾ ਹੈ, ਉਸ ਦੀ ਹਉਮੈ ਤੇ ਅਪਣੱਤ ਸੜ ਜਾਂਦੀ ਹੈ, ਨਿੱਤ ਨਵਾਂ ਰਹਿਣ ਵਾਲਾ ਪ੍ਰੇਮ (ਉਸ ਦੇ ਹਿਰਦੇ ਵਿਚ ਜਾਗ ਪੈਂਦਾ ਹੈ)।1।

ਜਿਸ ਮਨੁੱਖ ਨੇ ਇਕ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ਸੁਰਤਿ ਜੋੜੀ ਹੈ ਉਸ ਨੇ (ਮਾਇਕ ਪਦਾਰਥਾਂ ਦੇ ਪਿੱਛੇ) ਭਟਕਣ ਵਾਲੀ ਮਤਿ (ਦੀ ਅਗਵਾਈ) ਤਿਆਗ ਕੇ ਡਰ ਨਾਸ ਕਰਨ ਵਾਲਾ ਪਰਮਾਤਮਾ ਲੱਭ ਲਿਆ ਹੈ। ਪਰਮਾਤਮਾ ਦੇ ਨਾਮ ਦਾ ਸੁਆਦ ਚੱਖ ਕੇ ਉਸ ਨੇ (ਆਪਣੇ ਅੰਦਰੋਂ ਮਾਇਆ ਦੀ) ਤ੍ਰਿਹ ਦੂਰ ਕਰ ਲਈ ਹੈ, ਉਸ ਵਡ-ਭਾਗੀ ਮਨੁੱਖ ਨੂੰ ਪ੍ਰਭੂ ਨੇ ਆਪਣੇ ਚਰਨਾਂ ਵਿਚ ਮਿਲਾ ਲਿਆ ਹੈ।2।

ਜਿਸ ਮਨੁੱਖ ਨੇ ਗੁਰੂ ਦੀ ਮਤਿ ਲੈ ਕੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਦਰਸਨ ਕਰ ਲਿਆ, ਪ੍ਰਭੂ ਦਾ ਨਾਮ-ਜਲ ਸਿੰਜ ਕੇ ਉਸ ਦੇ ਉਹ ਗਿਆਨ-ਇੰਦ੍ਰੇ ਨਕਾਨਕ ਭਰ ਗਏ ਜਿਨ੍ਹਾਂ ਦੀ ਤ੍ਰਿਸ਼ਨਾ ਪਹਿਲਾਂ ਕਦੇ ਭੀ ਮੁੱਕਦੀ ਨਹੀਂ ਸੀ। ਜਿਨ੍ਹਾਂ ਦੇ ਮਨ ਦੀ ਪ੍ਰੀਤਿ ਪ੍ਰਭੂ ਦੇ ਨਾਮ ਵਿਚ ਬਣ ਜਾਂਦੀ ਹੈ ਉਹ ਉਸ ਪਰਮਾਤਮਾ ਦੇ ਪਿਆਰ ਵਿਚ (ਸਦਾ ਲਈ) ਰੰਗੇ ਜਾਂਦੇ ਹਨ ਜੋ ਸੁੱਧ-ਸਰੂਪ ਹੈ ਤੇ ਜੋ ਸਦਾ ਤੋਂ ਹੀ ਦਇਆ ਦਾ ਸੋਮਾ ਹੈ।3।

ਮੇਰੇ ਚੰਗੇ ਭਾਗਾਂ (ਗੁਰੂ ਦੀ ਕਿਰਪਾ ਨਾਲ) ਮੇਰੀ ਲਿਵ (ਪ੍ਰਭੂ-ਚਰਨਾਂ ਵਿਚ) ਲੱਗ ਗਈ ਹੈ, ਮਨ ਨੂੰ ਮੋਹ ਲੈਣ ਵਾਲੇ ਪ੍ਰਭੂ ਨੇ ਮੇਰਾ ਮਨ (ਆਪਣੇ ਪ੍ਰੇਮ ਵਿਚ) ਮੋਹ ਲਿਆ ਹੈ। ਸਦਾ-ਥਿਰ ਪ੍ਰਭੂ (ਦੇ ਗੁਣਾਂ) ਨੂੰ ਸੋਚ-ਮੰਡਲ ਵਿਚ ਲਿਆਉਣ ਕਰ ਕੇ ਮੇਰੇ ਸਾਰੇ ਪਾਪ-ਦੁੱਖ ਕੱਟੇ ਗਏ ਹਨ, ਮੇਰਾ ਮਨ ਪਵਿਤ੍ਰ ਹੋ ਗਿਆ ਹੈ, (ਪ੍ਰਭੂ-ਚਰਨਾਂ ਦਾ) ਪ੍ਰੇਮੀ ਹੋ ਗਿਆ ਹੈ।4।

ਗੁਰੂ ਦੇ ਸ਼ਬਦ ਨੂੰ ਵਿਚਾਰ ਕੇ ਮੈਂ ਸਮਝ ਲਿਆ ਹੈ ਕਿ ਸਿਰਫ਼ ਪਰਮਾਤਮਾ ਹੀ ਡਰ-ਸਹਿਮ ਦਾ ਨਾਸ ਕਰਨ ਵਾਲਾ ਹੈ, ਕੋਈ ਹੋਰ (ਦੇਵੀ ਦੇਵਤਾ ਆਦਿਕ) ਦੂਜਾ ਨਹੀਂ ਹੈ। ਮੈਂ ਕਿਸੇ ਹੋਰ ਦੀ ਪੂਜਾ ਨਹੀਂ ਕਰਦਾ, ਸਿਰਫ਼ ਉਸ ਨੂੰ ਪੂਜਦਾ ਹਾਂ ਜੋ ਬੜੇ ਡੂੰਘੇ ਤੇ ਵੱਡੇ ਜਿਗਰੇ ਵਾਲਾ ਹੈ, ਜੋ ਬੇਅੰਤ ਰਤਨਾਂ ਦੀ ਖਾਣ ਸਮੁੰਦਰ ਹੈ।5।

ਗੁਰੂ ਨੇ ਮੈਨੂੰ ਸਮਝ ਬਖ਼ਸ਼ ਦਿੱਤੀ ਹੈ, (ਹੁਣ) ਇਕ ਪਰਮਾਤਮਾ ਤੋਂ ਬਿਨਾ ਮੈਂ ਕਿਸੇ ਹੋਰ ਨੂੰ (ਉਸ ਵਰਗਾ) ਨਹੀਂ ਜਾਣਦਾ, ਹੁਣ ਮੈਂ ਪ੍ਰਭੂ ਦੇ ਨਾਮ-ਰਸ ਵਿਚ ਬਹੁਤ ਰੰਗਿਆ ਗਿਆ ਹਾਂ, ਮਨ (ਵਿਚੋਂ ਵਿਕਾਰਾਂ ਦੀ ਅੰਸ) ਮਾਰ ਕੇ ਮੈਂ ਪਵਿਤ੍ਰ ਆਤਮਕ ਦਰਜੇ ਨਾਲ ਡੂੰਘੀ ਸਾਂਝ ਪਾ ਲਈ ਹੈ।6।

ਗੁਰੂ ਦੀ ਮਤਿ ਲੈ ਕੇ ਸਿਰਫ਼ ਉਸ ਪ੍ਰਭੂ ਨਾਲ ਹੀ ਡੂੰਘੀ ਸਾਂਝ ਪਾਈ ਹੈ ਜੋ ਅਪਹੁੰਚ ਹੈ, ਜਿਸ ਤਕ ਗਿਆਨ ਇੰਦ੍ਰਿਆਂ ਦੀ ਪਹੁੰਚ ਨਹੀਂ, ਜੋ ਆਪ ਹੀ ਆਪਣਾ ਖਸਮ-ਮਾਲਕ ਹੈ, ਅਤੇ ਜੋ ਜੂਨਾਂ ਵਿਚ ਨਹੀਂ ਆਉਂਦਾ। (ਇਸ ਸਾਂਝ ਦੀ ਬਰਕਤਿ ਨਾਲ) ਮੇਰੇ ਗਿਆਨ-ਇੰਦ੍ਰੇ (ਨਾਮ-ਰਸ ਨਾਲ) ਨਕਾ-ਨਕ ਭਰ ਗਏ ਹਨ, ਹੁਣ ਮੇਰਾ ਮਨ (ਮਾਇਆ ਵਾਲੇ ਪਾਸੇ) ਡੋਲਦਾ ਨਹੀਂ ਹੈ, ਆਪਣੇ ਅੰਦਰ ਹੀ ਟਿਕ ਗਿਆ ਹੈ।7।

ਪਰਮਾਤਮਾ ਦਾ ਸਰੂਪ ਬਿਆਨ ਤੋਂ ਪਰੇ ਹੈ। ਗੁਰੂ ਦੀ ਕਿਰਪਾ ਨਾਲ ਹੀ ਉਸ ਦਾ ਸਿਮਰਨ ਕੀਤਾ ਜਾ ਸਕਦਾ ਹੈ। ਮੈਂ ਤਦੋਂ ਹੀ ਉਸ ਦੀ ਸਿਫ਼ਤਿ-ਸਾਲਾਹ ਕਰ ਸਕਦਾ ਹਾਂ ਜਦੋਂ ਉਹ ਆਪ ਹੀ ਸਿਫ਼ਤਿ-ਸਾਲਾਹ ਕਰਾਂਦਾ ਹੈ।

ਹੇ ਨਾਨਕ! (ਆਖ—) ਹੇ ਮੇਰੇ ਦੀਨ ਦਇਆਲ ਪ੍ਰਭੂ! ਮੈਨੂੰ ਤੇਰੇ ਵਰਗਾ ਹੋਰ ਕੋਈ ਨਹੀਂ ਦਿੱਸਦਾ, ਮੈਂ ਤੇਰੇ ਨਾਲ ਹੀ ਸਾਂਝ ਪਾਈ ਹੈ।8।2।